ਭੈਰਉ ਮਹਲਾ ੫ ॥ਭਗਤਾ ਮਨਿ ਆਨੰਦੁ ਗੋਬਿੰਦ ॥ ਅਸਥਿਤਿ ਭਏ ਬਿਨਸੀ ਸਭ ਚਿੰਦ ॥ ਭੈ ਭ੍ਰਮ ਬਿਨਸਿ ਗਏ ਖਿਨ ਮਾਹਿ ॥ ਪਾਰਬ੍ਰਹਮੁ ਵਸਿਆ ਮਨਿ ਆਇ ॥੧॥ ਰਾਮ ਰਾਮ ਸੰਤ ਸਦਾ ਸਹਾਇ ॥ਘਰਿ ਬਾਹਰਿ ਨਾਲੇ ਪਰਮੇਸਰੁ ਰਵਿ ਰਹਿਆ ਪੂਰਨ ਸਭ ਠਾਇ॥੧॥ ਰਹਾਉ ॥ ਧਨੁ ਮਾਲੁ ਜੋਬਨੁ ਜੁਗਤਿ ਗੋਪਾਲ ॥ ਜੀਅ ਪ੍ਰਾਣ ਨਿਤ ਸੁਖ ਪ੍ਰਤਿਪਾਲ ॥ ਅਪਨੇ ਦਾਸ ਕਉ ਦੇ ਰਾਖੈ ਹਾਥ ॥ ਨਿਮਖ ਨ ਛੋਡੈ ਸਦ ਹੀ ਸਾਥ ॥ ੨॥ ਹਰਿ ਸਾ ਪ੍ਰੀਤਮੁ ਅਵਰੁ ਨ ਕੋਇ ॥ ਸਾਰਿ ਸਮ੍ਹਾਲੇ ਸਾਚਾ ਸੋਇ ॥ ਮਾਤ ਪਿਤਾ ਸੁਤ ਬੰਧੁ ਨਰਾਇਣੁ ॥ ਆਦਿ ਜੁਗਾਦਿ ਭਗਤ ਗੁਣ ਗਾਇਣੁ ॥ ੩॥ ਤਿਸ ਕੀ ਧਰ ਪ੍ਰਭ ਕਾ ਮਨਿ ਜੋਰੁ ॥ ਏਕ ਬਿਨਾ ਦੂਜਾ ਨਹੀ ਹੋਰੁ ॥ ਨਾਨਕ ਕੈ ਮਨਿ ਇਹੁ ਪੁਰਖਾਰਥੁ ॥ ਪ੍ਰਭੂ ਹਮਾਰਾ ਸਾਰੇ ਸੁਆਰਥੁ ॥੪॥੩੮॥੫੧॥ {ਪੰਨਾ 1151}

ਪਦਅਰਥ:- ਮਨਿ—ਮਨ ਵਿਚ। ਅਸਥਿਤਿ—(ਭੈ ਭਰਮ ਆਦਿਕਾਂ ਵਲੋਂ) ਅਡੋਲਤਾ। ਚਿੰਦ—(ਭੈ ਭਰਮਾਂ ਦਾ) ਚਿੰਤਨ, ਚਿੱਤ-ਚੇਤਾ। ਭੈ—{ਬਹੁ-ਵਚਨ} ਸਾਰੇ ਡਰ। ਆਇ—ਆ ਕੇ।1।

ਸਹਾਇ—ਸਹਾਈ, ਮਦਦਗਾਰ। ਨਾਲੇ—ਨਾਲ ਹੀ। ਰਵਿ ਰਹਿਆ—ਵਿਆਪਕ ਹੈ। ਪੂਰਨ—ਵਿਆਪਕ। ਸਭ ਠਾਇ—ਸਭ ਥਾਈਂ।1। ਰਹਾਉ।

ਜੁਗਤਿ—ਜੀਵਨ ਦੀ ਮਰਯਾਦਾ, ਜੀਊਣ ਦੀ ਜਾਚ। ਜੀਅ—ਜਿੰਦ। ਦੇ—ਦੇ ਕੇ। ਰਾਖੈ—ਰੱਖਿਆ ਕਰਦਾ ਹੈ। ਨਿਮਖ—{inmy—} ਅੱਖ ਝਮਕਣ ਜਿਤਨਾ ਸਮਾ। ਸਦ—ਸਦਾ।2।

ਸਾ—ਵਰਗਾ। ਪ੍ਰੀਤਮੁ—ਪਿਆਰ ਕਰਨ ਵਾਲਾ। ਸਾਰਿ—ਸਾਰ ਲੈ ਕੇ, ਗਹੁ ਨਾਲ। ਸਮ੍ਹਾਲੇ—ਸੰਭਾਲ ਕਰਦਾ ਹੈ। ਸਾਚਾ—ਸਦਾ ਕਾਇਮ ਰਹਿਣ ਵਾਲਾ। ਸੁਤ—ਪੁੱਤਰ। ਬੰਧੁ—ਸਨਬੰਧੀ। ਭਗਤ—ਪਰਮਾਤਮਾ ਦੇ ਸੇਵਕ। ਆਦਿ—ਮੁੱਢ ਤੋਂ। ਜੁਗਾਦਿ—ਜੁਗਾਂ ਦੇ ਮੁੱਢ ਤੋਂ।3।

ਧਰ—ਆਸਰਾ। ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਮਨਿ—ਮਨ ਵਿਚ। ਜੋਰੁ—ਬਲ, ਸਹਾਰਾ। ਕੈ ਮਨਿ—ਦੇ ਮਨ ਵਿਚ। ਪੁਰਖਾਰਥੁ—ਹੌਸਲਾ। ਸਾਰੇ—ਸੁਆਰਦਾ ਹੈ।4।

ਅਰਥ:- ਹੇ ਭਾਈ! (ਜਿਹੜਾ) ਪਰਮਾਤਮਾ ਸਭਨੀਂ ਥਾਈਂ ਪੂਰਨ ਤੌਰ ਤੇ ਮੌਜੂਦ ਹੈ, (ਉਹ) ਪਰਮਾਤਮਾ ਆਪਣੇ ਸੰਤ ਜਨਾਂ ਦਾ ਸਦਾ ਮਦਦਗਾਰ ਹੈ, ਘਰ ਵਿਚ ਘਰੋਂ ਬਾਹਰ ਹਰ ਥਾਂ (ਸੰਤ ਜਨਾਂ ਦੇ ਨਾਲ) ਹੁੰਦਾ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦੇ ਭਗਤਾਂ ਦੇ ਮਨ ਵਿਚ ਸਦਾ ਆਤਮਕ ਹੁਲਾਰਾ ਟਿਕਿਆ ਰਹਿੰਦਾ ਹੈ (ਦੁਨੀਆ ਦੇ ਡਰਾਂ, ਦੁਨੀਆ ਦੀਆਂ ਭਟਕਣਾਂ ਵਲੋਂ ਉਹਨਾਂ ਦੇ ਅੰਦਰ ਸਦਾ) ਅਡੋਲਤਾ ਰਹਿੰਦੀ ਹੈ (ਦੁਨੀਆ ਦੇ ਡਰਾਂ ਦਾ ਉਹਨਾਂ ਨੂੰ) ਚਿਤ-ਚੇਤਾ ਭੀ ਨਹੀਂ ਰਹਿੰਦਾ। ਹੇ ਭਾਈ! (ਜਿਸ ਮਨੁੱਖ ਦੇ) ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਇਕ ਖਿਨ ਵਿਚ ਉਸ ਦੇ ਸਾਰੇ ਡਰ ਸਹਿਮ ਦੂਰ ਹੋ ਜਾਂਦੇ ਹਨ।1।

ਹੇ ਭਾਈ! ਪਰਮਾਤਮਾ ਅੱਖ ਝਮਕਣ ਜਿਤਨੇ ਸਮੇ ਲਈ ਭੀ ਆਪਣੇ ਸੇਵਕ ਦਾ ਸਾਥ ਨਹੀਂ ਛੱਡਦਾ, ਸਦਾ ਉਸ ਦੇ ਨਾਲ ਰਹਿੰਦਾ ਹੈ, ਆਪਣੇ ਸੇਵਕ ਨੂੰ ਹੱਥ ਦੇ ਕੇ ਬਚਾਂਦਾ ਹੈ। ਹੇ ਭਾਈ! ਪਰਮਾਤਮਾ ਸੇਵਕ ਦੀ ਜਿੰਦ ਦੀ ਪਾਲਣਾ ਕਰਦਾ ਹੈ, ਸਦਾ ਉਸ ਦੇ ਪ੍ਰਾਣਾਂ ਦੀ ਰਾਖੀ ਕਰਦਾ ਹੈ, ਉਸ ਨੂੰ ਸਾਰੇ ਸੁਖ ਦੇਂਦਾ ਹੈ। (ਸੇਵਕ ਵਾਸਤੇ ਭੀ) ਪਰਮਾਤਮਾ ਦਾ ਨਾਮ ਹੀ ਧਨ ਹੈ, ਨਾਮ ਹੀ ਮਾਲ ਹੈ, ਨਾਮ ਹੀ ਜਵਾਨੀ ਹੈ ਅਤੇ ਨਾਮ ਜਪਣਾ ਹੀ ਜੀਊਣ ਦੀ ਸੁਚੱਜੀ ਜਾਚ ਹੈ।2।

ਹੇ ਭਾਈ! ਪਰਮਾਤਮਾ ਵਰਗਾ ਪਿਆਰ ਕਰਨ ਵਾਲਾ ਹੋਰ ਕੋਈ ਨਹੀਂ ਹੈ। ਉਹ ਸਦਾ-ਥਿਰ ਪ੍ਰਭੂ ਬੜੇ ਗਹੁ ਨਾਲ (ਆਪਣੇ ਭਗਤਾਂ ਦੀ) ਸੰਭਾਲ ਕਰਦਾ ਹੈ। ਹੇ ਭਾਈ! ਜਗਤ ਦੇ ਸ਼ੁਰੂ ਤੋਂ ਜੁਗਾਂ ਦੇ ਸ਼ੁਰੂ ਤੋਂ ਭਗਤ ਪਰਮਾਤਮਾ ਦੇ

ਗੁਣਾਂ ਦਾ ਗਾਇਨ ਕਰਦੇ ਆ ਰਹੇ ਹਨ, ਉਹਨਾਂ ਵਾਸਤੇ ਪਰਮਾਤਮਾ ਹੀ ਮਾਂ ਹੈ, ਪਰਮਾਤਮਾ ਹੀ ਪਿਉ ਹੈ, ਪਰਮਾਤਮਾ ਹੀ ਪੁੱਤਰ ਹੈ ਪਰਮਾਤਮਾ ਹੀ ਸਨਬੰਧੀ ਹੈ।3।

ਹੇ ਭਾਈ! ਭਗਤ ਜਨਾਂ ਦੇ ਮਨ ਵਿਚ ਪਰਮਾਤਮਾ ਦਾ ਹੀ ਆਸਰਾ ਹੈ ਪਰਮਾਤਮਾ ਦਾ ਹੀ ਤਾਣ ਹੈ। ਨਾਨਕ ਦੇ ਮਨ ਵਿਚ (ਭੀ) ਇਹੀ ਹੌਸਲਾ ਹੈ ਕਿ ਪਰਮਾਤਮਾ ਸਾਡਾ ਹਰੇਕ ਕੰਮ ਸੁਆਰਦਾ ਹੈ।4। 38। 51।